Vigilance Bureau Punjab

**VIGILANCE NABS ASI FOR TAKING BRIBE**

Chandigarh, April 18: State Vigilance Bureau, today nabbed Assistant Sub Inspector (ASI) red handed while accepting bribe of Rs 3,000.

Disclosing this here an official spokesperson of the Vigilance Bureau said ASI (826/Tarntaran) Angrej Singh posted at Police Station Sarai Amanat Khan, Tarn Taran was nabbed red handed on the complaint of Mandeep Singh of village Boosey in Tarn Taran district. The Complainant has approached the VB and alleged that the accused ASI was demanding Rs 5,000 to help his uncle in a complaint case and the deal was struck at Rs. 3000/-. It may be mentioned here that the complaint had already handed over him Rs. 1500 as a bribe to the accused ASI.

After verifying his information, the Vigilance team laid a trap and the accused ASI was arrested on the spot taking bribe of Rs. 3,000 from the complainant in the presence of two official witnesses. He informed that a case under Prevention of Corruption Act has been registered against him at VB police station Amritsar and further investigation was under progress.

---------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 18 ਅਪ੍ਰੈਲ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਸਰਾਏ ਅਮਾਨਤ ਖਾਂ, ਤਰਨਤਾਰਨ ਵਿਖੇ ਤਾਇਨਾਤ ਏ.ਐਸ.ਆਈ. ਅੰਗਰੇਜ ਸਿੰਘ (ਨੰ: 826/ਤਰਨਤਾਰਨ) ਨੂੰ 3,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਮਨਦੀਪ ਸਿੰਘ ਵਾਸੀ ਪਿੰਡ ਭੁਸੇ, ਜ਼ਿਲ੍ਹਾ ਤਰਨਤਾਰਨ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਦੇ ਚਾਚੇ ਦੇ ਹੋਏ ਝਗੜੇ ਦਾ ਰਾਜੀਨਾਮਾ ਕਰਾਉਣ ਬਦਲੇ 5,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 3000 ਰੁਪਏ ਵਿਚ ਤੈਅ ਹੋਇਆ ਹੈ। ਇਸ ਉਪਰੰਤ ਸ਼ਿਕਾਇਤਕਰਤਾ ਨੇ ਇਹ ਵੀ ਦੱਸਿਆ ਕਿ ਉਹ ਪਹਿਲਾਂ ਹੀ ਉਕਤ ਏ.ਐਸ.ਆਈ ਨੂੰ 1500 ਰੁਪਏ ਰਿਸ਼ਵਤ ਵਜੋਂ ਦੇ ਚੁੱਕਾ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----